ਨੰਬਰ4532 ਮਿਤੀ 04/11/2022

ਵੱਲੋਂ

ਸੁਰੇਸ਼ ਕੁਮਾਰ ਗੋਇਲ,
ਸਿਵਲ ਜੱਜ (ਸ.ਡ.)/ਸੀ.ਜੇ.ਐਮ.-ਕਮ-
ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ,
ਬਠਿੰਡਾ।

ਵੱਲ

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ),
ਬਠਿੰਡਾ।

ਵਿਸ਼ਾ: Pan India Campaign for Empowerment of Citizens Through Legal Awareness and Outreach ਕੰਪੇਨ ਅਧੀਨ ਮੁਫਤ ਕਾਨੂੰਨੀ ਸੇਵਾਵਾਂ ਦੇ ਪ੍ਰਚਾਰ ਸਬੰਧੀ।

ਮੀਮੋ:

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਦੇ ਧਿਆਨ ਹਿੱਤ ਹੈ ਕਿ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਿਮਨਹਸਤਾਖਰ ਦੇ ਦਫ਼ਤਰ ਵੱਲੋਂ ਜ਼ਿਲ੍ਹਾ ਬਠਿੰਡਾ ਦੇ ਵੱਖ ਵੱਖ ਪਿੰਡਾਂ ਵਿੱਚ ਭਾਰਤ ਕਾ ਅੰਮ੍ਰਿਤ ਮਹਾਂਉਤਸਵ ਅਧੀਨ ਵਿੱਚ ਆਜ਼ਾਦੀ ਦੇ 75ਵੇਂ ਸਾਲ ਸੁਰੂ ਹੋਣ ਦੀ ਖੁਸ਼ੀ ਵਿੱਚ ਪੂਰੇ ਦੇਸ਼ ਪੱਧਰ ਉਪਰ Pan India Campaign for Empowerment of Citizens Through Legal Awareness and Outreach ਮੁਹਿੰਮ ਅਧੀਨ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ ਲਗਾਏ ਜਾ ਰਹੇ ਹਨ ਅਤੇ ਹਰੇਕ ਪਿੰਡ ਅਤੇ ਸ਼ਹਿਰ ਵਿੱਚ ਸੈਮੀਨਾਰ ਲਗਾਏ ਜਾ ਰਹੇ ਹਨ ਤਾਂ ਜੋ ਭਾਰਤ ਦੇ ਹਰੇਕ ਪਿੰਡ/ਸ਼ਹਿਰ ਵਿੱਚ ਇਸ ਜਾਗਰੂਕਤਾ ਮੁਹਿੰਮ ਦੀ ਛਾਪ ਛੱਡੀ ਜਾ ਸਕੇ। ਇਸ ਸਬੰਧੀ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਹੇਠ ਲਿਖਿਆ ਸੰਦੇਸ਼ ਆਪ ਜੀ ਦੇ ਅਧੀਨ ਆਉਂਦੇ ਸਾਰੇ ਸਕੂਲਾਂ ਦੇ ਸਮੂਹ ਸਟਾਫ ਮੈਂਬਰਾਂ, ਸਟਾਫ ਦੇ ਵਾਟਸ ਐਪ ਗਰੁੱਪਾ ਅਤੇ ਵਿਦਿਆਰਥੀਆਂ ਨੂੰ ਸਵੇਰ ਦੀ ਅਸੈਂਬਲੀ ਜਾਂ ਕਲਾਸ ਰੂਮ ਵਿੱਚ ਪੜ੍ਹ ਕੇ ਸੁਣਾਇਆ ਜਾਵੇ ਤਾਂ ਜੋ ਲੋੜੀਂਦੀ ਜਾਗਰੂਕਤਾ ਹੋ ਸਕੇ:-

**"ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਦੇ ਧਿਆਨ ਵਿੱਚ ਲਿਆਇਆ ਜਾਂਦਾ ਹੈ ਕਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਿਸ ਦਾ ਦਫਤਰ ਹਰ ਕਚਿਹਰੀ ਵਿਖੇ ਹੁੰਦਾ ਹੈ, ਵੱਲੋਂ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਅਤੇ ਸਲਾਹ ਦਿੱਤੀ ਜਾਂਦੀ ਹੈ । ਜਿਸ ਤਹਿਤ ਲੋੜ ਪੈਣ ਤੇ ਸਰਕਾਰੀ ਖਰਚੇ ਤੇ ਵਕੀਲ ਦੀ ਸਹੂਲਤ ਮੁਹੱਇਆ ਕਰਵਾਈ ਜਾਂਦੀ ਹੈ । ਜਿਨਾਂ ਨੂੰ ਇਹ ਸਹੂਲਤ ਮਿਲਦੀ ਹੈ ਉਹਨਾਂ ਵਿੱਚ ਬੱਚੇ, ਮਹਿਲਾਵਾਂ, ਮਾਨਸਿਕ ਰੋਗੀ / ਦਿਵਿਆਂਗ, ਅਨੁਸੂਚਿਤ ਜਾਤੀ /ਅਨੁਸੂਚਿਤ ਕਬੀਲੇ ਦੇ ਮੈਂਬਰ, ਕੁਦਰਤੀ ਆਫਤਾ ਦੇ ਮਾਰੇ, ਉਦਯੋਗਿਕ ਕਾਮੇ, ਹਰ ਉਹ ਵਿਆਕਤੀ ਜਿਸ ਦੀ ਸਾਲਾਨਾਂ ਆਮਦਨ 3,00,000/- ਰੁਪਏ ਤੋਂ ਵੱਧ ਨਾ ਹੋਵੇ ਅਤੇ ਜੇਲ੍ਹ ਵਿੱਚ ਬੰਦ ਹਵਾਲਾਤੀ ਅਤੇ ਕੈਦੀ ਜਾਂ ਹਿਰਾਸਤ ਵਿੱਚ ਵਿਅਕਤੀ ਸਾਮਿਲ ਹਨ ।"**

ਇਸ ਤੋਂ ਇਲਾਵਾ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਉਕਤ ਸੰਦੇਸ਼ ਮਿਤੀ 09.11.2022 ਨੂੰ ਲੀਗਲ ਸਰਵਿਸ ਡੇ ਵਾਲੇ ਦਿਨ ਪਿੰਡ ਅਤੇ ਸ਼ਹਿਰ ਵਿੱਚ ਰੈਲੀਆਂ ਕੱਢ ਆਮ ਜਨਤਾ ਤੱਕ ਪਹੁੰਚਾ ਕੇ ਇਸ ਦੀ ਰਿਪੋਰਟ ਨਿਮਨਹਸਤਾਖਰ ਦੇ ਦਫ਼ਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ। ਇਸ ਮੁਹਿੰਮ ਦੀਆਂ ਫੋਟੋਆਂ ਨਿਮਨ ਹਸਤਾਖਰ ਦੇ ਦਫ਼ਤਰ ਦੇ ਕਰਮਚਾਰੀ ਗਗਨਦੀਪ, ਸੀਨੀਅਰ ਸਹਾਇਕ ਦੇ ਵਾਟਸ ਐਪ ਨੰਬਰ 98559-60819 ਉਪਰ ਭੇਜਣੀਆਂ ਯਕੀਨੀ ਬਣਾਈਆਂ ਜਾਣ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ) ਬਠਿੰਡਾ
ਪੱਤਰ ਨੰ. ਸੀ।। ੭ 2022 / 1867 ਮਿਤੀ: 04/11/2022

ਸਿਵਲ ਜੱਜ (ਸ.ਡ.)/ਸੀ.ਜੇ.ਐਮ.-ਕਮ-
ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ,
ਬਠਿੰਡਾ।

ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਜ਼ਿਲ੍ਹਾ ਬਠਿੰਡਾ ਨੂੰ ਇੰਨ-ਬਿੰਨ ਪਾਲਣਾ ਹਿੱਤ ਭੇਜਿਆ ਜਾਂਦਾ।

04/11/22
ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ)
ਬਠਿੰਡਾ, ਜਾ:ਕੋ: